# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :09-02-2026**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੋਕਪ੍ਰਿਅ ਸੰਵਾਦ ਪ੍ਰੋਗਰਾਮ ਪਰੀਕਸ਼ਾ ਪੇ ਚਰਚਾ ਦੇ 9ਵੇਂ ਐਡੀਸ਼ਨ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਅੱਜ ਜਾਰੀ ਕੀਤੇ ਗਏ ਦੂਜੇ ਵੀਡੀਓ ਲੜੀਵਾਰ ਵਿੱਚ ਪ੍ਰਧਾਨ ਮੰਤਰੀ ਨੂੰ ਪ੍ਰੀਖਿਆਵਾਂ ਦੌਰਾਨ ਤਣਾਅ ਤੇ ਚਿੰਤਾ ਨੂੰ ਦੂਰ ਕਰਨ ਦੇ ਤਰੀਕਿਆਂ ਬਾਰੇ ਸੰਬੋਧਨ ਕਰਦੇ ਦੇਖਿਆ ਗਿਆ। ਸੰਵਾਦ ਦੌਰਾਨ, ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਛੋਟੇ ਸਟਾਰਟ-ਅੱਪਸ ਨਾਲ ਆਪਣੀ ਉੱਦਮੀ ਯਾਤਰਾ ਸ਼ੁਰੂ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਉਦਯੋਗ ਪੇਸ਼ੇਵਰਾਂ ਤੱਕ ਪਹੁੰਚਣ ਦੀ ਸਲਾਹ ਦਿੱਤੀ ਤਾਂ ਜੋ ਇਹ ਸਮਝਿਆ ਜਾ ਸਕੇ ਕਿ ਅਸਲ-ਸੰਸਾਰ ਪ੍ਰਣਾਲੀਆਂ ਕਿਵੇਂ ਕੰਮ ਕਰਦੀਆਂ ਨੇ, ਤਾਂ ਜੋ ਪਾਠ-ਪੁਸਤਕਾਂ ਤੋਂ ਪਰੇ ਵਿਹਾਰਕ ਐਕਸਪੋਜ਼ਰ ਪ੍ਰਾਪਤ ਕੀਤਾ ਜਾ ਸਕੇ। ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਕਲਾ ਤੇ ਰਚਨਾਤਮਕ ਸ਼ੌਕ ਵਿਦਿਆਰਥੀਆਂ ਨੂੰ ਅਕਾਦਮਿਕ

ਦਬਾਅ ਤੋਂ ਪੈਦਾ ਹੋਣ ਵਾਲੇ ਤਣਾਅ ਤੇ ਥਕਾਵਟ ਨੂੰ ਦੂਰ ਕਰਨ ਵਿੱਚ ਮਦਦ ਕਰ ਸਕਦੇ ਨੇ।

---------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਖਡੂਰ ਸਾਹਿਬ ਵਿਖੇ ਮੱਥਾ ਟੇਕਿਆ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਪਾਵਨ ਅਵਸਰ ’ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕੀਤਾ ਗਿਆ। ਉਪਰੰਤ ਰਾਜਪਾਲ ਨਿਸ਼ਾਨ-ਏ-ਸਿੱਖੀ ਸੰਸਥਾ ਖਡੂਰ ਸਾਹਿਬ ਵਿਖੇ ਪਹੁੰਚੇ, ਜਿੱਥੇ ਕਾਰਸੇਵਾ ਵਾਲੇ ਬਾਬਾ ਸੇਵਾ ਸਿੰਘ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਰਾਜਪਾਲ ਨੇ ਇਥੇ ਯੂ.ਪੀ.ਐਸ.ਸੀ, ਜੇ.ਈ.ਈ. ਸਮੇਤ ਹੋਰ ਮੁਕਾਬਲ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਤੇ ਸੇਵਾ ਭਾਵ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਰਾਜਪਾਲ ਨੇ ਨਿਸ਼ਾਨ-ਏ-ਸਿੱਖੀ ਸੰਸਥਾ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਨੌਜਵਾਨਾਂ ਨੂੰ ਸਹੀ ਸੇਧ ਦੇ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਨੇ। ਇਸ ਮੌਕੇ ਰਾਜਪਾਲ ਦੇ ਸਕੱਤਰ ਵਿਵੇਕ ਪ੍ਰਤਾਪ ਸਿੰਘ, ਰੈੱਡ ਕਰਾਸ ਸੁਸਾਇਟੀ ਪੰਜਾਬ ਦੇ ਸਕੱਤਰ ਸ਼ਿਵਦੁਲਾਰ

ਸਿੰਘ, ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਵੀ ਹਾਜ਼ਰ ਸਨ।

---------------------------------------------------------

ਅੰਮ੍ਰਿਤਸਰ ਪੁਲਸ ਨੇ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਕੀਤੀ ਕਾਰਵਾਈ ਦੌਰਾਨ ਸਰਹੱਦ ਪਾਰੋਂ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਨੇ ਇਨ੍ਹਾਂ ਕੋਲੋਂ 6 ਆਧੁਨਿਕ ਪਿਸਤੌਲ, 10 ਜ਼ਿੰਦਾ ਕਾਰਤੂਸ, 115 ਗ੍ਰਾਮ ਹੈਰੋਇਨ ਤੇ 12  ਲੱਖ ਦੇ ਕਰੀਬ  ਡਰੱਗ ਮਨੀ ਬਰਾਮਦ ਕੀਤੀ ਏ। ਇਸ ਦੇ ਨਾਲ ਹੀ ਇੱਕ ਕਾਰ ਵੀ ਜ਼ਬਤ ਕੀਤੀ ਗਈ ਏ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰ ਸਰਗਰਮ ਤਸਕਰੀ ਨੈੱਟਵਰਕਾਂ ਨਾਲ ਲੰਮੇ ਸਮੇਂ ਤੋਂ ਜੁੜੇ ਹੋਏ ਸਨ ਤੇ ਗੈਰ-ਕਾਨੂੰਨੀ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦਾ ਆਦਾਨ ਪਰਦਾਨ ਕਰਦੇ ਰਹੇ ਨੇ। ਪੁਲਿਸ ਅਨੁਸਾਰ ਮੁੱਖ ਮੁਲਜ਼ਮ ਸਿਮਰਨਜੀਤ ਉਰਫ਼ ਮਨੂ ਖ਼ਿਲਾਫ਼ ਪਹਿਲਾਂ ਵੀ ਹੀਰੋਇਨ ਤਸਕਰੀ ਦੇ ਦੋ ਮਾਮਲੇ ਦਰਜ ਨੇ ਤੇ ਬਾਕੀ  ਮੁਲਜ਼ਮਾਂ ਦਾ ਵੀ ਨਸ਼ਾ ਤਸਕਰੀ ਨਾਲ ਪੁਰਾਣਾ ਨਾਤਾ ਰਿਹਾ ਏ। ਇਸ ਬਾਰੇ ਥਾਣਾ ਛਾਉਣੀ ਅੰਮ੍ਰਿਤਸਰ ਵਿਖੇ ਐਫ਼.ਆਈ.ਆਰ. ਦਰਜ ਕਰ ਲਈ ਗਈ ਏ।

-----------------------------------------------------------------

ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਗਠਜੋੜ ਦੇ ਪ੍ਰਧਾਨ ਤੇ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਕਿਹਾ ਏ ਕਿ ਉਹ ਮੁੰਬਈ ਵਿੱਚ ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) ਦੇ ਸ਼ਤਾਬਦੀ ਸਮਾਗਮ ਦੌਰਾਨ ਕੀਤੀਆਂ ਟਿੱਪਣੀਆਂ ਦਾ ਸਵਾਗਤ ਕਰਦੇ ਨੇ, ਜਿਸ ਵਿਚ ਆਰ.ਐਸ.ਐਸ. ਮੁਖੀ ਮੋਹਨ ਭਾਗਵਤ ਨੇ ਵੀਰ ਸਾਵਰਕਰ ਨੂੰ ਭਾਰਤ ਰਤਨ ਦੇਣ ਦਾ ਸਮਰਥਨਾ ਕੀਤਾ ਏ ਤੇ ਕਿਹਾ ਏ ਕਿ ਸਾਵਰਕਰ ਨੂੰ ਸਨਮਾਨਿਤ ਕਰਨ ਨਾਲ ਇਸ ਪੁਰਸਕਾਰ ਦੀ ਮਹੱਤਤਾ ਹੋਰ ਵਧੇਗੀ। ਕੈਂਥ ਨੇ ਕਿਹਾ ਕਿ ਸਾਵਰਕਰ ਦੇ ਮਾਮਲੇ ਨੂੰ ਪੂਰੇ ਇਤਿਹਾਸਕ ਰਿਕਾਰਡ ਦੇ ਆਧਾਰ ‘ਤੇ ਦੇਖਿਆ ਜਾਣਾ ਚਾਹੀਦਾ ਏ, ਜਿਸ ਵਿਚ ਉਨ੍ਹਾਂ ਦੇ ਜਾਤੀ ਪ੍ਰਥਾਵਾਂ ਖ਼ਿਲਾਫ਼ ਦਰਜ ਸੁਧਾਰਕ ਵਿਚਾਰ ਵੀ ਸ਼ਾਮਲ ਨੇ। ਉਨ੍ਹਾਂ ਕਿਹਾ ਕਿ ਸਾਵਰਕਰ ਨੇ ਆਪਣੇ ਲੇਖਾਂ ਵਿੱਚ ਹਿੰਦੂ ਸਮਾਜ ਨੂੰ ਵੰਡਣ ਵਾਲੀਆਂ ਰੂੜੀਵਾਦੀ ਪ੍ਰਥਾਵਾਂ ਨੂੰ ਖਤਮ ਕਰਨ ਦੀ ਗੱਲ ਕੀਤੀ ਸੀ ਤੇ ਉਹਨਾਂ “ਸੱਤ ਬੇੜੀਆਂ” ਦਾ ਜ਼ਿਕਰ ਕੀਤਾ ਸੀ, ਜੋ ਸਮਾਜਿਕ ਵੰਡ ਨੂੰ ਮਜ਼ਬੂਤ ਕਰਦੀਆਂ ਨੇ। ਕੈਂਥ ਨੇ ਕਿਹਾ ਕਿ ਇਹ ਵਿਚਾਰ ਅੱਜ ਵੀ ਮਹੱਤਵਪੂਰਨ ਨੇ ਕਿਉਂਕਿ ਜਾਤੀ ਭੇਦਭਾਵ ਸਿਰਫ਼ ਨੈਤਿਕ ਮੁੱਦਾ ਨਹੀਂ, ਸਗੋਂ ਸੰਵਿਧਾਨਕ ਤੇ ਵਿਕਾਸ ਲਈ ਚੁਣੌਤੀ ਵੀ ਏ। ਉਨ੍ਹਾਂ ਜ਼ੋਰ

ਦਿੱਤਾ ਕਿ ਭਾਰਤ ਦਾ ਸੰਵਿਧਾਨ ਸਭ ਤੋਂ ਉੱਚਾ ਮਾਰਗਦਰਸ਼ਕ ਏ ਤੇ ਆਰਟਿਕਲ 17 ਛੂਆਛੂਤ ਨੂੰ ਪੂਰੀ ਤਰ੍ਹਾਂ ਖਤਮ ਕਰਦਾ ਏ ,

---------------------------------------------------------

ਪੰਜਾਬ ਰਾਜ ਹਿਊਮਨ ਰਾਇਟਸ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਪਠਾਨਕੋਟ ਵਿਖੇ ਮਨੁੱਖੀ ਅਧਿਕਾਰਾਂ ਸਬੰਧੀ ਉਪਾਆਂ ਨੂੰ ਹੋਰ ਅਸਰਦਾਰ ਢੰਗ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ । ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਵਲ ਤੇ ਪੁਲਿਸ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ, ਪੰਚਾਂ- ਸਰਪੰਚਾਂ ਤੇ ਮਨੁੱਖੀ ਅਧਿਕਾਰਾਂ ਲਈ ਕੰਮ ਕਰ ਰਹੀਆਂ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨਾਲ ਕੀਤੀ ਮੀਟਿੰਗ ਦੌਰਾਨ ਉਹਨਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਅੰਦਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਤੇ ਉਲੰਘਣਾ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਨਿਰੰਤਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਨੇ । ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਏ ਕਿ ਹਰ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੌਲਿਕ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਤੇ ਕਿਸੇ ਵੀ ਤਰ੍ਹਾਂ ਦਾ ਧੱਕਾ ਨਾ ਹੋਵੇ ।

---------------------------------------------------

ਗੁਰਦਾਸਪੁਰ ਦੇ ਧਾਰੀਵਾਲ ਵਿੱਚ ਰਾਸ਼ਟਰੀ ਸਵੈ ਸੇਵਕ ਸੰਘ ਦੇ 100 ਸਾਲ ਪੂਰੇ ਹੋਣ ਤੇ ਸਰਬ ਧਰਮ ਸੰਮੇਲਨ ਕਰਵਾਇਆ ਗਿਆ, ਜਿਸ ਵਿਚ ਆਰ. ਐਸ. ਐਸ. ਦੇ ਬੁਲਾਰੇ ਵਿਕਰਮ ਸੰਮਿਆਲ ਨੇ ਦੱਸਿਆ ਕਿ ਸੰਘ ਨੇ ਹਮੇਸ਼ਾ ਦੇਸ਼ ਦੀ ਰੱਖਿਆ ਲਈ ਦੇਸ਼ ਭਗਤ ਪੈਦਾ ਕਰਨ ਦੀ ਮੁਹਿੰਮ ਤੇ ਜ਼ੋਰ ਦਿੱਤਾ ਏ, ਜੋ ਸਮਾਜਿਕ ਕੁਰੀਤੀਆਂ ਨਾਲ ਲੜਦੇ ਹੋਏ ਇੱਕ ਸਸ਼ਕਤ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਵਿੱਚ ਯੋਗਦਾਨ ਦਿੰਦੇ ਨੇ। ਉਹਨਾਂ ਕਿਹਾ ਕਿ ਸਰਬ ਧਰਮ ਸੰਮੇਲਨ ਕਰਵਾਉਣ ਦਾ ਮਕਸਦ ਵੱਖ-ਵੱਖ ਧਰਮਾਂ ਦੇ ਲੋਕਾਂ ਨੂੰ ਜੋੜ ਕੇ ਰਾਸ਼ਟਰ ਨਿਰਮਾਣ ਦੇ ਕੰਮ ਵਿੱਚ ਲਗਾਉਣਾ ਏ । ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਧਾਰੀਵਾਲ ਦੇ ਮੁੱਖ ਸੇਵਾਦਾਰ ਡਾਕਟਰ ਗੁਰਜਿੰਦਰ ਸਿੰਘ ਨੇ ਗੁਰੂ ਤੇਗ ਬਹਾਦਰ ਜੀ ਦੀ ਲਸਾਨੀ ਸ਼ਹਾਦਤ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਇਹ ਸ਼ਹਾਦਤ ਸਾਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੰਦੀ ਏ ।

---------------------------------------------------